# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :18-12-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਏ ਕਿ ਭਾਰਤ-ਓਮਾਨ ਵਪਾਰ ਸੰਮੇਲਨ ਦੋਵਾਂ ਦੇਸ਼ਾਂ ਵਿਚਕਾਰ ਦੁਵੱਲੇ ਸਬੰਧਾਂ ਨੂੰ ਨਵੀਂ ਦਿਸ਼ਾ ਅਤੇ ਗਤੀ ਦੇਵੇਗਾ। ਉਨ੍ਹਾਂ ਕਿਹਾ ਕਿ ਵਪਾਰ ਜਗਤ ਅਰਬ ਸਾਗਰ ਦੇ ਪਾਰ ਮਾਂਡਵੀ ਅਤੇ ਮਸਕਟ ਨੂੰ ਜੋੜਨ ਵਾਲੀ ਇਤਿਹਾਸਕ ਸਮੁੰਦਰੀ ਵਿਰਾਸਤ ਦਾ ਵਾਰਸ ਏ। ਪ੍ਰਧਾਨ ਮੰਤਰੀ ਨੇ ਅੱਜ ਮਸਕਟ ਵਿੱਚ ਭਾਰਤ-ਓਮਾਨ ਵਪਾਰ ਸੰਮੇਲਨ ਨੂੰ ਸੰਬੋਧਨ ਕਰਦੇ ਹੋਏ ਇਹ ਗੱਲ ਆਖੀ। ਉਨ੍ਹਾਂ ਕਿਹਾ ਕਿ ਮੌਸਮ ਬਦਲ ਸਕਦੇ ਨੇ, ਭਾਰਤ ਅਤੇ ਓਮਾਨ ਵਿਚਕਾਰ ਦੋਸਤੀ ਸਮੇਂ ਦੇ ਨਾਲ ਮਜ਼ਬੂਤ ਹੁੰਦੀ ਰਹਿੰਦੀ ਏ। 70 ਸਾਲਾਂ ਦੇ ਕੂਟਨੀਤਕ ਸਬੰਧਾਂ ਨੂੰ ਉਜਾਗਰ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਸਾਂਝੇਦਾਰੀ ਵਿਸ਼ਵਾਸ ਅਤੇ ਦੋਸਤੀ 'ਤੇ ਬਣੀ ਏ, ਅਤੇ ਹੁਣ ਸਾਂਝੀ ਵਿਰਾਸਤ ਵਿੱਚ ਜੜ੍ਹਾਂ ਵਾਲੇ ਖੁਸ਼ਹਾਲ ਭਵਿੱਖ ਦੀ ਉਮੀਦ ਏ।

ਸੰਮੇਲਨ ਨੂੰ ਸੰਬੋਧਨ ਕਰਦੇ ਹੋਏ, ਕੇਂਦਰੀ ਵਣਜ ਮੰਤਰੀ ਪਿਊਸ਼ ਗੋਇਲ ਨੇ ਇਸ ਦਿਨ ਨੂੰ ਇੱਕ ਇਤਹਾਸਕ ਪਲ ਕਿਹਾ। ਉਨ੍ਹਾਂ ਕਿਹਾ ਕਿ ਭਾਰਤ

ਅਤੇ ਓਮਾਨ ਵਪਾਰ ਅਤੇ ਆਰਥਿਕ ਸਹਿਯੋਗ ਨੂੰ ਡੂੰਘਾ ਕਰਨ ਦੇ ਉਦੇਸ਼ ਨਾਲ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ, ਜਾਂ CEPA 'ਤੇ ਦਸਤਖਤ ਕਰਨਗੇ। ਇਸ ਤੋਂ ਪਹਿਲਾਂ, ਓਮਾਨ ਦੇ ਵਣਜ ਮੰਤਰੀ ਕੈਸ ਬਿਨ ਮੁਹੰਮਦ ਅਲ ਯੂਸਫ਼ ਨੇ ਭਾਰਤੀ ਵਫ਼ਦ ਦਾ ਸਵਾਗਤ ਕੀਤਾ। ਉਨ੍ਹਾਂ ਦੋਵਾਂ ਦੇਸ਼ਾਂ ਵਿਚਕਾਰ ਡੂੰਘੇ ਇਤਿਹਾਸਕ ਸਬੰਧਾਂ ਅਤੇ ਭਵਿੱਖ ਦੇ ਵਿਕਾਸ ਲਈ ਸਾਂਝੇ ਦ੍ਰਿਸ਼ਟੀਕੋਣ ਨੂੰ ਉਜਾਗਰ ਕੀਤਾ।

---------------------------------------------------------------

ਪੰਜਾਬ ਵਿੱਚ ਨਸ਼ਿਆਂ ਵਿਰੁੱਧ ਚਲ ਰਹੀ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਲਈ ਰਾਜਪਾਲ ਗੁਲਾਬ ਚੰਦ ਕਟਾਰੀਆ ਅੱਜ ਫਾਜ਼ਿਲਕਾ ਦਾ ਦੌਰਾ ਕਰਨਗੇ। ਇਸ ਦੌਰਾਨ ਰਾਜਪਾਲ ਦੀ ਅਗਵਾਈ ਹੇਠ ਪੰਜਾਬ ਰੈੱਡ ਕਰਾਸ ਸੁਸਾਇਟੀ ਅਤੇ ਕਰਨ ਗਿਲਹੋਤਰਾ ਫਾਊਂਡੇਸ਼ਨ ਦੇ ਸਾਂਝੇ ਉਪਰਾਲੇ ਨਾਲ ਇੱਕ ਨਸ਼ਾ ਵਿਰੋਧੀ ਜਾਗਰੂਕਤਾ ਪੈਦਲ ਮਾਰਚ ਕੱਢਿਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਰਨ ਗਿਲਹੋਤਰਾ ਫਾਊਂਡੇਸ਼ਨ ਦੇ ਸੰਸਥਾਪਕ ਕਰਨ ਗਿਲਹੋਤਰਾ ਨੇ ਦੱਸਿਆ ਕਿ ਇਹ ਮਾਰਚ  ਸੰਜੀਵ ਸਿਨੇਮਾ ਚੌਕ ਤੋਂ ਸ਼ੁਰੂ ਹੋ ਕੇ ਗਊਸ਼ਾਲਾ ਰੋਡ, ਸਾਈਕਲ ਬਾਜ਼ਾਰ, ਸ਼ਾਸਤਰੀ ਚੌਕ ਅਤੇ ਸਰਾਫ਼ਾ ਬਾਜ਼ਾਰ ਤੋਂ ਹੁੰਦਾ ਹੋਇਆ ਇਤਿਹਾਸਕ ਘੰਟਾਘਰ ਚੌਕ ਵਿਖੇ ਸਮਾਪਤ ਹੋਵੇਗਾ। ਇਸ ਦੌਰਾਨ

ਨਸ਼ਿਆਂ ਦੇ ਮਾੜੇ ਪ੍ਰਭਾਵ, ਪਰਿਵਾਰਾਂ ਅਤੇ ਸਮਾਜ ਦੇ ਹੁੰਦੇ ਨੁਕਸਾਨ ਅਤੇ ਇਸ ਬੁਰਾਈ ਨੂੰ ਖਤਮ ਕਰਨ ਵਿੱਚ ਸਮਾਜ ਦੀ ਭੂਮਿਕਾ ਬਾਰੇ ਵੀ ਜਾਗਰੂਕਤਾ ਫੈਲਾਈ ਜਾਵੇਗੀ। ਮਾਰਚ ਤੋਂ ਬਾਅਦ ਰਾਜਪਾਲ ਆਸਫਵਾਲਾ ਸ਼ਹੀਦੀ ਯਾਦਗਾਰ ਵਿਖੇ ਦੇਸ਼ ਲਈ ਕੁਰਬਾਨ ਹੋਣ ਵਾਲੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨਗੇ।

---------------------------------------------------

ਜਲੰਧਰ ਦੇ ਰੀਜਨਲ ਪਾਸਪੋਰਟ ਦਫ਼ਤਰ ਵਿਖੇ ਬਕਾਇਆ ਕੇਸਾਂ ਦੇ ਨਿਪਟਾਰੇ ਲਈ ਲਾਈ ਪਾਸਪੋਰਟ ਅਦਾਲਤ ਵਿਚ ਵੱਖ-ਵੱਖ ਸ਼੍ਰੇਣੀਆਂ ਨਾਲ ਸਬੰਧਿਤ 300 ਤੋਂ ਵੱਧ ਬਿਨੈਕਾਰਾਂ ਨੇ ਸ਼ਮੂਲੀਅਤ ਕੀਤੀ। ਰੀਜਨਲ ਪਾਸਪੋਰਟ ਅਫ਼ਸਰ ਯਸ਼ਪਾਲ ਨੇ ਦੱਸਿਆ ਕਿ ਪਾਸਪੋਰਟ ਅਦਾਲਤ ਦੌਰਾਨ 240 ਕੇਸਾਂ ਨੂੰ ਮਨਜ਼ੂਰੀ ਦਿੰਦਿਆਂ ਪਾਸਪੋਰਟ ਜਾਰੀ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਏ। ਇਹਨਾਂ ਕੇਸਾਂ ਵਿੱਚ ਵੱਖ-ਵੱਖ ਕਾਰਨਾਂ ਜਿਵੇਂ ਮਲਟੀਪਲ ਪਾਸਪੋਰਟ, ਕਾਨੂੰਨੀ ਕੇਸ, ਐਮਰਜੈਂਸੀ ਸਰਟੀਫੇਕਟ ਅਤੇ ਨਿੱਜੀ ਜਾਣਕਾਰੀ ਬਦਲਣ ਸਬੰਧੀ ਕੇਸ ਸ਼ਾਮਿਲ ਸਨ। ਉਨ੍ਹਾਂ ਕਿਹਾ ਕਿ ਬਾਕੀ ਰਹਿੰਦੇ ਕੇਸਾਂ ਦੇ ਜਲਦ ਨਿਪਟਾਰੇ ਦੀਆਂ ਹਦਾਇਤਾਂ ਕੀਤੀਆਂ ਗਈਆਂ ਨੇ।

---------------------------------------------------------------

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਐਸਏਐਸ ਨਗਰ ਨੇ ਆਪਣੇ ਸਾਬਕਾ ਕੈਡਿਟਾਂ ਦੀਆਂ ਪ੍ਰਾਪਤੀਆਂ ਦਾ ਜਸ਼ਨ ਮਨਾਉਂਦਿਆਂ ਹਾਲ ਹੀ ਵਿੱਚ ਕਮਿਸ਼ਨਡ ਅਫ਼ਸਰ ਬਣੇ ਅੱਠ ਕੈਡਿਟਾਂ ਨੂੰ ਵੱਕਾਰੀ ਅਚੀਵਰ ਐਵਾਰਡ ਨਾਲ ਸਨਮਾਨਿਤ ਕੀਤਾ ਏ। ਅਚੀਵਰ ਅਵਾਰਡ ਸਮਾਰੋਹ ਦੌਰਾਨ ਇਸ ਵੱਕਾਰੀ ਸੰਸਥਾ ਵੱਲੋਂ 2025 ਵਿੱਚ ਰੱਖਿਆ ਸੇਵਾਵਾਂ ’ਚ ਕਮਿਸ਼ਨ ਹਾਸਲ ਕਰਨ ਵਾਲੇ ਆਪਣੇ ਅੱਠ ਕੈਡਿਟਾਂ ਨੂੰ ਮਾਨਤਾ ਦਿੱਤੀ ਗਈ, ਜਿਨ੍ਹਾਂ ਵਿੱਚੋਂ ਸੱਤ ਕੈਡਿਟਾਂ ਨੇ ਨਵੰਬਰ/ਦਸੰਬਰ 2025 ਵਿੱਚ ਅਤੇ ਇੱਕ ਕੈਡਿਟ ਨੇ ਮਾਰਚ 2025 ਵਿੱਚ ਕਮਿਸ਼ਨ ਹਾਸਲ ਕੀਤਾ ਸੀ। ਇਨ੍ਹਾਂ ਨੌਜਵਾਨ ਅਫਸਰਾਂ ਨੇ ਸਿਖਲਾਈ ਅਧੀਨ ਕੈਡਿਟਾਂ ਨਾਲ ਗੱਲਬਾਤ ਕਰਦਿਆਂ ਪ੍ਰੀ-ਕਮਿਸ਼ਨਿੰਗ ਅਕੈਡਮੀਆਂ ਤੋਂ ਆਪਣੇ ਤਜਰਬੇ ਸਾਂਝੇ ਕੀਤੇ ਅਤੇ ਕੈਡਿਟਾਂ ਨੂੰ ਆਪਣੇ ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ। ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਅਚੀਵਰ ਐਵਾਰਡ ਹਾਸਲ ਕਰਨ ਵਾਲੇ ਨੌਜਵਾਨ ਅਧਿਕਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਸਫ਼ਲਤਾ ਪੰਜਾਬ ਦੇ ਹੋਰ ਨੌਜਵਾਨਾਂ ਨੂੰ ਵੀ ਰੱਖਿਆ ਸੇਵਾਵਾਂ ਵਿੱਚ ਸੇਵਾ ਨਿਭਾਉਣ ਅਤੇ ਆਪਣੇ ਦੇਸ਼ ਅਤੇ ਸੂਬੇ ਦਾ ਨਾਮ ਚਮਕਾਉਣ ਲਈ ਪ੍ਰੇਰਿਤ ਕਰੇਗੀ।

---------------------------------------------------------

ਗੁਰਦਾਸਪੁਰ ਪੁਲਿਸ ਨੇ ਚਾਈਨਾ ਡੋਰ ਖਿਲਾਫ ਵਿੱਢੀ ਮੁਹਿੰਮ ਤਹਿਤ ਸੁਨੀਲ ਕੁਮਾਰ ਨਾਂ ਦੇ ਦੁਕਾਨਦਾਰ ਨੂੰ 35 ਗੱਟੂ ਚਾਈਨਾ ਡੋਰ ਸਮੇਤ ਕਾਬੂ ਕੀਤਾ ਏ। ਐਸ.ਐਚ.ਓ. ਦਵਿੰਦਰ ਪ੍ਰਕਾਸ਼ ਨੇ ਦੱਸਿਆ ਕਿ ਮੁਲਜ਼ਮ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ।

---------------------------------------------------------

ਪੰਜਾਬ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਵਿੱਢੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੇ 291ਵੇਂ ਦਿਨ ਪੰਜਾਬ ਪੁਲਿਸ ਨੇ ਬੀਤੇ ਕੱਲ੍ਹ 278 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਉਪਰੰਤ ਸੂਬੇ ਭਰ ਵਿੱਚ 83 ਐਫਆਈਆਰਜ਼ ਦਰਜ ਕਰਕੇ 103 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਛਾਪੇਮਾਰੀ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 5 ਕਿੱਲੋ ਤੋਂ ਵੱਧ ਹੈਰੋਇਨ ਤੇ ਹੋਰ ਨਸ਼ੀਲੇ ਪਦਾਰਥਾਂ ਸਮੇਤ ਡਰੱਗ ਮਨੀ ਬਰਾਮਦ ਕੀਤੀ ਗਈ ਏ। ਇਸ ਆਪ੍ਰੇਸ਼ਨ ਦੌਰਾਨ 62 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 800 ਤੋਂ ਵੱਧ ਪੁਲਿਸ ਕਰਮਚਾਰੀਆਂ ਵਾਲੀਆਂ 100 ਤੋਂ ਵੱਧ ਪੁਲਿਸ ਟੀਮਾਂ ਵੱਲੋਂ ਰਾਜ ਭਰ ਵਿੱਚ 278 ਥਾਵਾਂ 'ਤੇ ਛਾਪੇਮਾਰੀ ਕੀਤੀ ਗਈ ਏ।

---------------------------------------------------

ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਤੱਕ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਹਿਮਾਚਲ ਪ੍ਰਦੇਸ਼ ਵਿੱਚ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਜਾਰੀ ਰਹਿਣ ਦੀ ਸੰਭਾਵਨਾ ਜਤਾਈ ਏ । ਅੱਜ ਵੀ ਇਲਾਕੇ ਵਿਚ ਸੰਘਣੀ ਧੁੰਦ ਪਈ ਏ। ਉੱਤਰ ਪ੍ਰਦੇਸ਼ ਵਿੱਚ ਵੀ ਬਹੁਤ ਸੰਘਣੀ ਧੁੰਦ ਲਈ ਰੈੱਡ ਅਲਰਟ ਜਾਰੀ ਕੀਤਾ ਗਿਆ ਏ । ਵਿਭਾਗ ਨੇ ਇਸ ਮਹੀਨੇ ਦੀ 23 ਤਾਰੀਕ ਤਕ ਜੰਮੂ-ਕਸ਼ਮੀਰ ਅਤੇ ਲੱਦਾਖ ਵਿੱਚ ਹਲਕੀ ਬਾਰਿਸ਼ ਅਤੇ ਬਰਫ਼ਬਾਰੀ ਦੀ ਪੇਸ਼ੀਨਗੋਈ ਕੀਤੀ ਏ। ਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ ਵਿੱਚ ਹਵਾ ਦੀ ਗੁਣਵੱਤਾ ਬਹੁਤ ਮਾੜੀ ਸ਼੍ਰੇਣੀ ਵਿੱਚ ਬਣੀ ਹੋਈ ਏ। ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਨੁਸਾਰ, ਅੱਜ ਸਵੇਰੇ 6 ਵਜੇ ਰਾਸ਼ਟਰੀ ਰਾਜਧਾਨੀ ਦਾ ਔਸਤ ਹਵਾ ਗੁਣਵੱਤਾ ਸੂਚਕਾਂਕ 356 ਦਰਜ ਕੀਤਾ ਗਿਆ।

---------------------------------------------------